# ਸਕੈਂਡਲਜ਼ ਨਾਲ ਨਜਿੱਠਣ ਸਬੰਧੀ ਹਾਕੀ ਕੈਨੇਡਾ ਦੀ ਪ੍ਰਤੀਕਿਰਿਆ ਪਰੇਸ਼ਾਨ ਕਰਨ ਵਾਲੀ ਹੈ : ਟਰੂਡੋ

ਪੰਨਾ 1 ਦਾ ਬਾਕੀ

ਜਾ ਰਿਹਾ ਹੈ ਤੇ ਹਾਕੀ ਕੈਨੇਡਾ ਤੇ ਸਕਿਨਰ ਦੋਵੇਂ ਹੀ ਹਾਲਾਤ ਦੀ ਨਜ਼ਾਕਤ ਨੂੰ ਸਮਝ ਨਹੀਂ ਰਹੇ।

ਇਸ ਦੌਰਾਨ ਟਿੰਮ ਹੌਰਟਨਜ਼ ਵੱਲੋਂ 2022-23 ਦੇ ਪੁਰਸ਼ਾਂ ਦੇ ਸੀਜ਼ਨ ਸਮੇਤ ਆ ਰਹੀ ਵਰਲਡ ਜੂਨੀਅਰ ਚੈਂਪੀਅਨਸ਼ਿਪ ਤੋਂ ਸਪਾਂਸਰਸ਼ਿਪ ਖ਼ਤਮ ਕਰਨ ਦੀ ਆਪਣੀ ਮੰਸ਼ਾਂ ਬਾਰੇ ਹਾਕੀ ਕੈਨੇਡਾ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਬੁੱਧਵਾਰ ਨੂੰ ਟਿੰਮ ਹਾਰਟਨਜ਼ ਦੇ ਬੁਲਾਰੇ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਕੰਪਨੀ ਕੈਨੇਡਾ ਦੀ ਮਹਿਲਾ ਤੇ ਪੈਰਾਲੰਪਿਕ ਅਤੇ ਯੂਥ ਹਾਕੀ ਟੀਮਾਂ ਨੂੰ ਫੰਡ ਦੇਣੇ ਜਾਰੀ ਰੱਖੇਗੀ। ਟਿੰਮ ਹੌਰਟਨਜ਼ ਦੇ ਡਾਇਰੈਕਟਰ ਆਫ ਕਮਿਊਨਿਕੇਸ਼ਨਜ਼ ਮਾਈਕਲ ਓਲਿਵੇਰਾ ਨੇ ਆਖਿਆ ਕਿ ਅਸੀ ਬਹੁਤ ਸਾਰੇ ਮੌਕਿਆਂ ਉੱਤੇ ਹਾਕੀ ਕੈਨੇਡਾ ਨੂੰ ਇਹ ਆਖ ਚੁੱਕੇ ਹਾਂ ਕਿ ਕੈਨੇਡੀਅਨਜ਼ ਦਾ ਭਰੋਸਾ ਦੁਬਾਰਾ ਜਿੱਤਣ ਲਈ ਆਰਗੇਨਾਈਜ਼ੇਸ਼ਨ ਨੂੰ ਠੋਸ ਕਦਮ ਚੁੱਕਣੇ ਹੋਣਗੇ।

# ਪੰਜਾਬ ਨੇ ਪਹਿਲੀ ਵਾਰ 6 ਮਹੀਨਿਆਂ ਵਿੱਚ 10 ਹਜਾਰ ਕਰੋੜ ਜੀ.ਐਸ.ਟੀ ਦਾ ਅੰਕੜਾ ਪਾਰ ਕੀਤਾ: ਚੀਮਾ



ਚੰਡੀਗੜ, 05 ਅਕਤੂਬਰ (ਪੋਸਟ ਬਿਊਰੋ)-ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਚਾਲੂ ਵਿੱਤੀ ਸਾਲ ਦੌਰਾਨ 10604 ਕਰੋੜ ਰੁਪਏ ਜੀ.ਐਸ.ਟੀ ਵਜੋਂ ਵਸੂਲੇ ਹਨ ਜਿਸ ਨਾਲ ਸੂਬੇ ਵੱਲੋਂ ਜੀ.ਐਸ.ਟੀ ਲਾਗੂ ਹੋਣ ਤੋਂ ਬਾਅਦ ਪਹਿਲੀ ਵਾਰ ਛੇ ਮਹੀਨਿਆਂ ਵਿੱਚ 10 ਹਜਾਰ ਦਾ ਅੰਕੜਾ ਪਾਰ ਕੀਤਾ ਗਿਆ ਹੈ।

ਇੱਥੇ ਜਾਰੀ ਇੱਕ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਚਾਲੂ ਵਿੱਤੀ ਸਾਲ ਦੌਰਾਨ ਜੀਐਸਟੀ ਵਸੂਲੀ ਵਿੱਚ 22.6 ਫੀਸਦੀ ਦੀ ਵਾਧਾ ਦਰ ਦਰਜ ਕੀਤੀ ਗਈ ਹੈ। ਉਨਾਂ ਕਿਹਾ ਕਿ ਪਿਛਲੇ ਵਿੱਤੀ ਸਾਲ ਦੇ ਪਹਿਲੇ ਛੇ ਮਹੀਨਿਆਂ ਦੌਰਾਨ 8650 ਕਰੋੜ ਰੁਪਏ ਦੀ ਜੀ.ਐਸ.ਟੀ. ਉਗਰਾਹੀ ਹੋਈ ਸੀ ਜਦਕਿ ਮੌਜੂਦਾ ਸਾਲ ਦੌਰਾਨ ਸੂਬੇ ਨੇ ਕੁੱਲ 10604 ਕਰੋੜ ਰੁਪਏ ਦੀ ਜੀ.ਐਸ.ਟੀ. ਉਗਰਾਹੀ ਨਾਲ 1954 ਕਰੋੜ ਰੁਪਏ ਹੋਰ ਕਮਾਏ ਹਨ।

ਸਤੰਬਰ 2022 ਦੇ ਜੀਐਸਟੀ ਦੇ ਅੰਕੜਿਆਂ ਦਾ ਖੁਲਾਸਾ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ 22 ਫੀਸਦੀ ਦੀ ਵਿਕਾਸ ਦਰ ਦਰਜ ਕੀਤੀ ਹੈ। ਉਨਾਂ ਕਿਹਾ ਕਿ ਸਤੰਬਰ 2021 ਵਿੱਚ 1402 ਰੁਪਏ ਦੀ ਕੁਲੈਕਸ਼ਨ ਦੇ ਮੁਕਾਬਲੇ ਇਸ ਸਾਲ ਸਤੰਬਰ ਵਿੱਚ ਜੀਐਸਟੀ ਕੁਲੈਕਸ਼ਨ 1710 ਕਰੋੜ ਰੁਪਏ ਰਹੀ।

ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਸਾਲ 2022-23 ਲਈ ਆਪਣੇ ਪਹਿਲੇ ਬਜਟ ਵਿੱਚ 20,550 ਕਰੋੜ ਰੁਪਏ ਦੀ ਜੀ.ਐਸ.ਟੀ ਉਗਰਾਹੀ ਦਾ ਅਨੁਮਾਨ ਲਗਾਇਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਨੇ ਪਹਿਲੇ ਛੇ ਮਹੀਨਿਆਂ ਵਿੱਚ 50 ਪ੍ਰਤੀਸਤ ਤੋਂ ਵੱਧ ਦੀ ਪ੍ਰਾਪਤੀ ਕੀਤੀ ਹੈ ਅਤੇ ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਜੀਐਸਟੀ ਦੀ ਉਗਰਾਹੀ ਵਿੱਚ ਚੰਗੇ ਵਾਧੇ ਦੀ ਉਮੀਦ ਹੈ।

ਵਿੱਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਜਾਅਲੀ ਬਿਲਿੰਗ ਨੂੰ ਰੋਕਣ ਦੇ ਨਾਲ-ਨਾਲ ਸਾਰੀਆਂ ਖਾਮੀਆਂ ਨੂੰ ਦੂਰ ਕਰਨ ਲਈ ਪੰਜਾਬ ਗੁਡਸ ਐਂਡ ਸਰਵਿਸਿਜ ਟੈਕਸ (ਸੋਧ) ਬਿੱਲ 2022 ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤਾ ਹੈ, ਜਿਸ ਨਾਲ ਨਾ ਸਿਰਫ ਵਪਾਰੀਆਂ ਨੂੰ ਫਾਇਦਾ ਹੋਵੇਗਾ ਸਗੋਂ ਸੂਬੇ ਦੇ ਆਪਣੇ ਮਾਲੀਏ ਵਿੱਚ ਵੀ ਵਾਧਾ ਹੋਵੇਗਾ।

# ਪੰਜਾਬ ਪੁਲਿਸ ਨੇ ਡਰੋਨ ਅਧਾਰਤ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਕੀਤਾ ਪਰਦਾਫਾਸ਼; ਇੱਕ ਕੈਦੀ ਸਮੇਤ ਦੋ ਮੁਲਜ਼ਮ ਗਿਰਫ਼ਤਾਰ

*ਪੁਲਿਸ ਟੀਮਾਂ ਨੇ ਗ੍ਰਿਫਤਾਰ ਕੀਤੇ ਵਿਅਕਤੀਆਂ ਦੇ ਟਿਕਾਣਿਆਂ ਤੋਂ 10 ਵਿਦੇਸ਼ੀ ਪਿਸਤੌਲ ਵੀ ਕੀਤੇ ਬਰਾਮਦ



ਚੰਡੀਗੜ/ਅੰਮ੍ਰਿਤਸਰ, 5 ਅਕਤੂਬਰ (ਪੋਸਟ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਗਈ ਫੈਸਲਾਕੁਨ ਜੰਗ ਤਹਿਤ ਇੱਕ ਹੋਰ ਸਫਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਨੇ ਬੁੱਧਵਾਰ ਨੂੰ ਇੱਕ ਕੈਦੀ ਸਮੇਤ ਦੋ ਵਿਅਕਤੀਆਂ ਨੂੰ ਗਿਰਫ਼ਤਾਰ ਕਰਕੇ , ਡਰੋਨ ਅਧਾਰਤ ਹਥਿਆਰਾਂ/ਗੋਲੀ ਸਿੱਕੇ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਭਿੱਖੀਵਿੰਡ ਦੇ ਜਸਕਰਨ ਸਿੰਘ, ਜੋ ਇਸ ਸਮੇਂ ਸਬ-ਜੇਲ ਗੋਇੰਦਵਾਲ ਸਾਹਿਬ ਵਿੱਚ ਬੰਦ ਹੈ ਅਤੇ ਰਤਨਬੀਰ ਸਿੰਘ ਵਾਸੀ ਤਰਨਤਾਰਨ, ਖੇਮਕਰਨ ਜਮਾਨਤ 'ਤੇ ਰਿਹਾਅ ਹੈ, ਵਜੋਂ ਹੋਈ ਹੈ । ਪੁਲਿਸ ਨੇ ਦੋਵਾਂ ਕੋਲੋਂ ਪੰਜ .30 ਬੋਰ (ਚਾਈਨਾ ਵਿੱਚ ਬਣੇ) ਅਤੇ ਪੰਜ 9 ਐਮਐਮ (ਯੂਐਸਏ ਅਧਾਰਤ ਬਰੇਟਾ ) ਸਮੇਤ 10 ਵਿਦੇਸ਼ੀ ਪਿਸਤੌਲਾਂ ਅਤੇ 8 ਸਪੇਅਰ ਮੈਗਜੀਨਾਂ ਤੋਂ ਇਲਾਵਾ ਜਸਕਰਨ ਵੱਲੋਂ ਆਪਣੀ ਬੈਰਕ ਵਿੱਚ ਛੁਪਾਇਆ ਇੱਕ ਮੋਬਾਈਲ ਫੋਨ ਵੀ ਬਰਾਮਦ ਕੀਤਾ ਹੈ।

ਏ.ਆਈ.ਜੀ. ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਅਮਰਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਮੁਲਜਮ ਜਸਕਰਨ ਸਿੰਘ ਨੂੰ ਐਨਡੀਪੀਐਸ ਐਕਟ ਨਾਲ ਸਬੰਧਤ ਇੱਕ ਕੇਸ, ਜੋ ਅਗਸਤ 2022 ਵਿੱਚ ਐਸਐਸਓਸੀ ਅੰਮ੍ਰਿਤਸਰ ਵਿਖੇ ਦਰਜ ਕੀਤਾ ਗਿਆ ਸੀ , ਵਿੱਚ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਸੀ ।

ਪੁੱਛਗਿੱਛ ਦੌਰਾਨ, ਦੋਸ਼ੀ ਜਸਕਰਨ ਨੇ ਕਬੂਲਿਆ ਕਿ ਉਹ ਡਰੋਨ ਰਾਹੀਂ ਪਾਕਿਸਤਾਨ ਤੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ / ਗੋਲੀ ਸਿੱਕੇ ਦੀ ਤਸਕਰੀ ਸਬੰਧੀ ਵਟਸਐਪ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਨਾਲ ਸੰਪਰਕ ਕਰਨ ਲਈ ਜੇਲ ਵਿੱਚ ਮੋਬਾਈਲ ਫੋਨ ਦੀ ਵਰਤੋਂ ਕਰ ਰਿਹਾ ਸੀ।

ਏਆਈਜੀ ਨੇ ਦੱਸਿਆ ਕਿ ਇਸ ਮੰਤਵ ਲਈ ਮੁਲਜਮ ਰਤਨਬੀਰ ਦੀ ਮਦਦ ਲੈ ਰਿਹਾ ਸੀ, ਜੋ ਵੱਖ-ਵੱਖ ਸਰਹੱਦੀ ਇਲਾਕਿਆਂ ਤੋਂ ਡਰੋਨ ਰਾਹੀਂ ਸੁੱਟੀਆਂ ਗਈਆਂ ਖੇਪਾਂ ਨੂੰ ਹਾਸਲ ਕਰਦਾ ਸੀ। ਜਿਕਰਯੋਗ ਹੈ ਕਿ ਰਤਨਬੀਰ ਵੀ ਜਸਕਰਨ ਸਿੰਘ ਨਾਲ ਐਨਡੀਪੀਐਸ ਦੇ ਕਈ ਕੇਸਾਂ ਵਿੱਚ ਸਹਿ-ਮੁਲਜਮ ਹੈ।

ਉਨਾਂ ਦੱਸਿਆ ਕਿ ਮੁਲਜਮ ਜਸਕਰਨ ਵੱਲੋਂ ਤਰਨਤਾਰਨ-ਫਿਰੋਜਪੁਰ ਰੋਡ 'ਤੇ ਸਥਿਤ ਪਿੰਡ ਪਿੱਧੀ ਵਿਖੇ ਦੱਸੇ ਟਿਕਾਣੇ ਤੋਂ ਪੰਜ .30 ਬੋਰ ਦੇ ਪਿਸਤੌਲ ਅਤੇ ਚਾਰ ਵਾਧੂ ਮੈਗਜੀਨਾਂ ਸਮੇਤ ਇੱਕ ਖੇਪ ਬਰਾਮਦ ਕੀਤੀ ਗਈ ਹੈ, ਜਿਸ ਨੂੰ ਰਤਨਬੀਰ ਵੱਲੋਂ 28 ਅਤੇ 29 ਸਤੰਬਰ, 2022 ਦੀ ਦਰਮਿਆਨੀ ਰਾਤ ਨੂੰ ਛੁਪਾਇਆ ਗਿਆ ਸੀ।

ਏ.ਆਈ.ਜੀ.ਅਮਰਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਜਸਕਰਨ ਵੱਲੋਂ ਦਿੱਤੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਰਤਨਬੀਰ ਨੂੰ ਖੇਮਕਰਨ ਤੋਂ ਗ੍ਰਿਫਤਾਰ ਕਰਨ 'ਚ ਕਾਮਯਾਬੀ ਹਾਸਲ ਕੀਤੀ ਹੈ ਅਤੇ ਉਸਦੇ ਖੁਲਾਸੇ 'ਤੇ 9 ਐਮਐਮ ਦੇ ਪੰਜ ਹੋਰ ਪਿਸਤੌਲਾਂ ਸਮੇਤ ਚਾਰ ਵਾਧੂ ਮੈਗਜੀਨ ਬਰਾਮਦ ਕੀਤੇ ਹਨ, ਜੋ ਕਿ ਉਸ ਨੇ ਖੇਮਕਰਨ ਦੇ ਪਿੰਡ ਮਾਛੀਕੇ ਵਿਖੇ ਡਰੇਨ ਨੇੜੇ ਛੁਪਾਏ ਹੋਏ ਸਨ।

ਜ਼ਿਕਰਯੋਗ ਹੈ ਕਿ ਥਾਣਾ ਐਸ.ਐਸ.ਓ.ਸੀ ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 30 ਮਿਤੀ 04.10.2022 ਨੂੰ ਦਰਜ ਕਰ ਲਿਆ ਗਿਆ ਹੈ।

























# ਪੰਚਰਤਨ ਕਿਸ਼ਨਾ ਮੰਦਿਰ ਨਰਾਇਣਗੜ੍ਹ ਛੇਹਰਟਾ, ਦੁਰਗਿਆਣਾ ਮੰਦਰ ਕਮੇਟੀ ਅਤੇ ਰਾਮ ਨਗਰ ਕੋਲਣੀ ਹਰੀਪੁਰਾ ਵਿਖੇ ਦੁਸਹਿਰਾ ਧੂਮਧਾਮ ਨਾਲ ਮਨਾਇਆ

## * ਬਦੀ ਤੇ ਨੇਕੀ ਦਾ ਪ੍ਰਤੀਕ ਤਿਓਹਾਰ ਦਸਹਿਰਾ: ਸੋਨੀ







ਅੰਮ੍ਰਿਤਸਰ, 05 ਅਕਤੂਬਰ (ਪੋਸਟ ਬਿਊਰੋ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਚ ਰਤਨ ਸ਼੍ਰੀ ਕਿਸ਼ਨਾ ਮੰਦਿਰ ਵਲੋਂ ਪਿੱਛਲੇ 35 ਸਾਲਾਂ ਤੋਂ ਮੰਦਰ ਕਮੇਟੀ ਵੱਲੋਂ ਦੁਸਿਹਰੇ ਦਾ ਤਿਉਹਾਰ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਨਰਾਇਣਗੜ੍ਹ ਦਾਣਾ ਮੰਡੀ ਵਿਖੇ ਮਨਾਇਆ ਗਿਆ। ਇਸ ਮੌਕੇ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਸ਼੍ਰੀ ਓਮ ਪ੍ਰਕਾਸ਼ ਸੋਨੀ ਮੁੱਖ ਮਹਿਮਾਨ ਵਜੋਂ ਪੁੱਜੇ ਅਤੇ ਸੰਗਤ ਨੂੰ ਸੰਬੋਧਨ ਕੀਤਾ। ! ਸ਼੍ਰੀ ਸੋਨੀ ਨੇ ਇਸ ਸ਼ੁਭ ਅਵਸਰ ਦੀ ਮੁਬਾਰਕਬਾਦ ਦਿੰਦੇ ਸ਼ਹਿਰ ਵਾਸੀਆਂ ਨੂੰ ਸਮਾਜ ਦੇ ਭਲੇ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਉਨਾਂ ਕਿਹਾ ਕਿ ਦੁਸ਼ਹਿਰਾ ਦਾ ਤਿਓਹਾਰ ਬਦੀ ਤੇ ਨੇਕੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਚੰਗਿਆਈ ਕਦੇ ਖਤਮ ਨਹੀਂ ਹੁੰਦੀ ਅਤੇ ਨਾ ਹੀ ਇਸ ਨੂੰ ਛੁਪਾਇਆ ਜਾ ਸਕਦਾ ਹੈ। ਸ੍ਰੀ ਸੋਨੀ ਨੇ ਕਿਹਾ ਕਿ ਦੁਨੀਆਂ ਵਿੱਚ ਕੇਵਲ ਇਨਸਾਨ ਦੇ ਚੰਗੇ ਕਰਮਾਂ ਨੂੰ ਸਲਾਹਿਆ ਜਾਂਦਾ ਹੈ। ਉਨਾਂ ਕਿਹਾ ਕਿ ਸਾਨੂੰ ਸਭ ਨੂੰ ਸਮਾਜ ਦੀ ਭਲਾਈ ਲਈ ਇਕਜੁਟ ਹੋ ਕੇ ਕੰਮ ਕਰਨੇ ਚਾਹੀਦੇ ਹਨ।

ਸੋਨੀ ਨੇ ਕਿਹਾ ਕਿ ਜਿਹੜੇ ਵਿਅਕਤੀ ਆਪਣੀਆਂ ਨੈਤਿਕ ਕਦਰਾਂ ਕੀਮਤਾਂ ਨੂੰ ਪਛਾਣਦੇ ਹਨ ਸਮਾਜ ਵਿੱਚ ਉਨਾਂ ਦਾ ਨਾਮ ਹਮੇਸ਼ਾਂ ਲਈ ਰਹਿੰਦਾ ਹੈ ਅਤੇ ਦੂਜੇ ਲੋਕਾਂ ਲਈ ਵੀ ਮਿਸਾਲ ਵਜੋਂ ਜਾਣੇ ਜਾਂਦੇ ਹਨ। ਇਸ ਮੌਕੇ ਦੁਰਗਿਆਣਾ ਮੰਦਰ ਕਮੇਟੀ ਵਲੋਂ ਮਨਾਏ ਗਏ ਦੁਸ਼ਹਿਰੇ ਵਿਚ ਵੀ ਸੋਨੀ ਨੇ ਸ਼ਾਮੂਲੀਅਤ ਕੀਤੀ ਅਤੇ ਰਾਮ

ਨਗਰ ਕਾਲੋਨੀ ਹਰੀਪੁਰਾ ਦੁਸ਼ਹਿਰਾ ਕਮੇਟੀ ਵਿਚ ਵੀ ਲੋਕਾਂ ਨੂੰ ਸਮਬੋਧਿਤ ਕੀਤਾ ! ਇਸ ਮੌਕੇ ਪੰਚ ਰਤਨ ਸ਼੍ਰੀ ਕਿਸ਼ਨਾ ਮੰਦਿਰ ਵਲੋਂ , ਦੁਰਗਿਆਣਾ ਕਮੇਟੀ ਵਲੋਂ ਅਤੇ ਰਾਮ ਨਗਰ ਕਾਲੋਨੀ ਵਲੋਂ ਸ੍ਰੀ ਸੋਨੀ ਨੂੰ ਸਨਮਾਨ ਚਿਨ੍ਹ ਭੇਂਟ ਕਰਕੇ ਸਮਮਾਨਿਤ ਵੀ ਕੀਤਾ ਗਿਆ ! ਇਸ ਤੋਂ ਬਾਦ ਸੋਨੀ ਸ਼੍ਰੀ ਸੋਨੀ ਦਵਾਰਾ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਪੁਤਲਿਆਂ ਨੂੰ ਅਗਨ ਭੇਂਟ ਕੀਤਾ ਗਿਆ ਇਸ ਮੌਕੇ ਸ੍ਰੀ ਸੋਨੀ ਦਵਾਰਾ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਪੁਤਲਿਆਂ ਨੂੰ ਅਗਨ ਭੇਂਟ ਕੀਤਾ ਗਿਆ।

ਇਸ ਮੌਕੇ ਕਾਂਗਰਸ ਕਮੇਟੀ ਸ਼ਹਿਰੀ ਦੇ ਪ੍ਰਧਾਨ ਅਸ਼ਵਨੀ ਕੁਮਾਰ ਪੱਪੂ , ਸੁਰਜੀਤ ਸਿੰਘ ਕੋਹਲੀ ,ਕੌਂਸਲਰ ਵਿਕਾਸ ਸੋਨੀ , ਸਵਿੰਦਰ ਸਿੰਘ ਸ਼ਿੰਦਾ ,ਸੁਰਿੰਦਰ ਸਿੰਘ ਸ਼ਿੰਦਾ , ਕੌਂਸਲਰ ਮਹੇਸ਼ ਖੰਨਾ, ਗੁਰਦੇਵ ਸਿੰਘ ਦਾਰਾ,ਕੌਂਸਲਰ ਯੂਨਸ ਕੁਮਾਰ , ਤਰਸੇਮ ਲਾਲ ,ਪ੍ਰਸ਼ੋਤਮ ਪਾਲ ,ਰਾਜੇਸ਼ ਠਾਕੁਰ ,ਅਜੈ ਠਾਕੁਰ ,ਪਿਆਰੇ ਲਾਲ ਸੇਠ ਪ੍ਰਦਾਨ ਅੰਮ੍ਰਿਤਸਰ ਸਿਟੀ ਜਨ ਕੌਂਸਲ,ਸਮੀਰ ਜੇਨ ਸੈਕਟਰੀ ਵਪਾਰ ਮੰਡਲ, ਨਿਤਿਨ ਕਪੂਰ ,ਕਰਨ ਪੂਰੀ , ਵਿਨੋਦ ਰਾਮਪਾਲ ,ਰਵੀ ਕਾਂਤ ,ਰਾਮਪਾਲ ਸਿੰਘ ,ਗੌਰਵ ਭੱਲਾ ,ਰਮਨ ਬਾਬਾ ,ਮਨਜੀਤ ਸਿੰਘ ਬੌਬੀ ,ਵੀ ਹਾਜਿਰ ਸਨ।












